ਰਾਮਕਲੀ ਮਹਲਾ ੫ ॥ਕਉਡੀ ਬਦਲੈ ਤਿਆਗੈ ਰਤਨੁ ॥ ਛੋਡਿ ਜਾਇ ਤਾਹੂ ਕਾ ਜਤਨੁ ॥ ਸੋ ਸੰਚੈ ਜੋ ਹੋਛੀ ਬਾਤ ॥ ਮਾਇਆ ਮੋਹਿਆ ਟੇਢਉ ਜਾਤ ॥੧॥ ਅਭਾਗੇ ਤੈ ਲਾਜ ਨਾਹੀ ॥ ਸੁਖ ਸਾਗਰ ਪੂਰਨ ਪਰਮੇਸਰੁ ਹਰਿ ਨ ਚੇਤਿਓ ਮਨ ਮਾਹੀ ॥੧॥ ਰਹਾਉ ॥ ਅੰਮ੍ਰਿਤੁ ਕਉਰਾ ਬਿਖਿਆ ਮੀਠੀ ॥ਸਾਕਤ ਕੀ ਬਿਧਿ ਨੈਨਹੁ ਡੀਠੀ ॥ ਕੂੜਿ ਕਪਟਿ ਅਹੰਕਾਰਿ ਰੀਝਾਨਾ ॥ ਨਾਮੁ ਸੁਨਤ ਜਨੁ ਬਿਛੂਅ ਡਸਾਨਾ ॥੨॥ ਮਾਇਆ ਕਾਰਣਿ ਸਦ ਹੀ ਝੂਰੈ ॥ ਮਨਿ ਮੁਖਿ ਕਬਹਿ ਨ ਉਸਤਤਿ ਕਰੈ ॥ ਨਿਰਭਉ ਨਿਰੰਕਾਰ ਦਾਤਾਰੁ ॥ ਤਿਸੁ ਸਿਉ ਪ੍ਰੀਤਿ ਨ ਕਰੈ ਗਵਾਰੁ ॥ ੩॥ ਸਭ ਸਾਹਾ ਸਿਰਿ ਸਾਚਾ ਸਾਹੁ ॥ ਵੇਮੁਹਤਾਜੁ ਪੂਰਾ ਪਾਤਿਸਾਹੁ ॥ ਮੋਹ ਮਗਨ ਲਪਟਿਓ ਭ੍ਰਮ ਗਿਰਹ ॥ ਨਾਨਕ ਤਰੀਐ ਤੇਰੀ ਮਿਹਰ ॥੪॥੨੧॥੩੨॥ {ਪੰਨਾ 892-893}

ਪਦਅਰਥ:- ਕਉਡੀ—ਤੁੱਛ ਜਿਹੀ ਚੀਜ਼। ਬਦਲੈ—ਦੇ ਵੱਟੇ ਵਿਚ, ਦੀ ਖ਼ਾਤਰ। ਛੋਡਿ ਜਾਇ—ਜੋ ਸਾਥ ਛੱਡ ਜਾਂਦੀ ਹੈ। ਤਾਹੂ ਕਾ—ਉਸੇ (ਮਾਇਆ) ਦਾ ਹੀ। ਸੰਚੈ—ਇੱਕਠੀ ਕਰਦਾ ਹੈ। ਹੋਛੀ—ਥੋੜ੍ਹ-ਵਿਤੀ, ਥੋੜ੍ਹੇ ਵਿਤ ਵਾਲੀ। ਟੇਢਉ—ਵਿੰਗਾ, ਆਕੜ ਆਕੜ ਕੇ।1।

ਅਭਾਗੇ—ਹੇ ਭਾਗ-ਹੀਣ! ਤੈ—ਤੈਨੂੰ। ਲਾਜ—ਸ਼ਰਮ। ਸੁਖ ਸਾਗਰ—ਸੁਖਾਂ ਦਾ ਸਮੁੰਦਰ। ਮਾਹੀ— ਵਿਚ।1। ਰਹਾਉ।

ਕਉਰਾ—ਕੌੜਾ। ਬਿਖਿਆ—ਮਾਇਆ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਸਾਕਤ—ਰੱਬ ਨਾਲੋਂ ਟੁੱਟਾ ਹੋਇਆ ਮਨੁੱਖ। ਬਿਧਿ—ਹਾਲਤ। ਨੈਨਹੁ—ਅੱਖਾਂ ਨਾਲ। ਕੂੜੀ—ਕੂੜ ਵਿਚ, ਨਾਸਵੰਤ ਪਦਾਰਥ ਵਿਚ। ਕਪਟਿ—ਕਪਟ ਵਿਚ। ਰੀਝਾਨਾ—ਰੀਝਦਾ ਹੈ, ਖ਼ੁਸ਼ ਹੁੰਦਾ ਹੈ। ਜਨੁ—ਜਾਨੋਂ, ਮਾਣੋਂ, ਜਿਵੇਂ ਕਿ। ਬਿਛੂਅ—ਠੂੰਹਾਂ। ਡਸਾਨਾ—ਡੰਗ ਮਾਰ ਗਿਆ।2।

ਸਦ ਹੀ—ਸਦਾ ਹੀ। ਕਾਰਣਿ—ਦੀ ਖ਼ਾਤਰ। ਝੂਰੈ—ਚਿੰਤਾ ਕਰਦਾ ਰਹਿੰਦਾ ਹੈ। ਮਨਿ—ਮਨ ਵਿਚ। ਮੁਖਿ—ਮੂੰਹ ਨਾਲ। ਤਿਸੁ ਸਿਉ—ਉਸ ਨਾਲ। ਗਵਾਰੁ—ਮੂਰਖ।3।

ਸਿਰਿ—ਸਿਰ ਉਤੇ। ਸਾਚਾ—ਸਦਾ ਕਾਇਮ ਰਹਿਣ ਵਾਲਾ। ਵੇਮੁਹਤਾਜੁ—ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ, ਕਿਸੇ ਗੋਚਰੀ ਗ਼ਰਜ਼ ਨਹੀਂ। ਮਗਨ—ਮਸਤ, ਡੁੱਬਾ ਹੋਇਆ। ਲਪਟਿਓ—ਚੰਬੜਿਆ ਹੋਇਆ। ਗਿਰਹ—ਗੰਢ। ਨਾਨਕ—ਹੇ ਨਾਨਕ!।4।

ਅਰਥ:- ਹੇ ਬਦ-ਨਸੀਬ (ਸਾਕਤ)! ਤੈਨੂੰ (ਕਦੇ ਇਹ) ਸ਼ਰਮ ਨਹੀਂ ਆਉਂਦੀ ਕਿ ਜਿਹੜਾ ਸਰਬ-ਵਿਆਪਕ ਪਰਮਾਤਮਾ ਸਾਰੇ ਸੁਖਾਂ ਦਾ ਸਮੁੰਦਰ ਹੈ ਉਸ ਨੂੰ ਤੂੰ ਆਪਣੇ ਮਨ ਵਿਚ ਚੇਤੇ ਨਹੀਂ ਕਰਦਾ।1। ਰਹਾਉ।

(ਪਰਮਾਤਮਾ ਦਾ ਨਾਮ ਅਮੋਲਕ ਰਤਨ ਹੈ, ਇਸ ਦੇ ਟਾਕਰੇ ਤੇ ਮਾਇਆ ਕੌਡੀ ਦੇ ਤੁੱਲ ਹੈ; ਪਰ ਸਾਕਤ ਮਨੁੱਖ) ਕੌਡੀ ਦੀ ਖ਼ਾਤਰ (ਕੀਮਤੀ) ਰਤਨ ਨੂੰ ਛੱਡ ਦੇਂਦਾ ਹੈ, ਉਸੇ ਦੀ ਹੀ ਪ੍ਰਾਪਤੀ ਦਾ ਜਤਨ ਕਰਦਾ ਹੈ ਜੋ ਸਾਥ ਛੱਡ ਜਾਂਦੀ ਹੈ, ਉਸੇ (ਮਾਇਆ) ਨੂੰ ਹੀ ਇਕੱਠੀ ਕਰਦਾ ਰਹਿੰਦਾ ਹੈ ਜਿਸ ਦੀ ਪੁੱਛ-ਪ੍ਰਤੀਤ ਥੋੜ੍ਹੀ ਕੁ ਹੀ ਹੈ; ਮਾਇਆ ਦੇ ਮੋਹ ਵਿਚ ਫਸਿਆ ਹੋਇਆ (ਸਾਕਤ) ਆਕੜ ਆਕੜ ਕੇ ਤੁਰਦਾ ਹੈ।1।

(ਹੇ ਭਾਈ!) ਰੱਬ ਨਾਲੋਂ ਟੁੱਟੇ ਮਨੁੱਖ ਦੀ (ਭੈੜੀ) ਹਾਲਤ (ਅਸਾਂ) ਅੱਖੀਂ ਵੇਖੀ ਹੈ, ਇਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਕੌੜਾ ਲੱਗਦਾ ਹੈ ਤੇ ਮਾਇਆ ਮਿੱਠੀ ਲੱਗਦੀ ਹੈ। (ਸਾਕਤ ਸਦਾ) ਨਾਸਵੰਤ ਪਦਾਰਥ ਵਿਚ, ਠੱਗੀ (ਕਰਨ) ਵਿਚ ਅਤੇ ਅਹੰਕਾਰ ਵਿਚ ਖ਼ੁਸ਼ ਰਹਿੰਦਾ ਹੈ। ਪਰਮਾਤਮਾ ਦਾ ਨਾਮ ਸੁਣਦਿਆਂ ਤਾਂ ਇਉਂ ਹੁੰਦਾ ਹੈ ਜਿਵੇਂ ਇਸ ਨੂੰ ਠੂੰਹਾਂ ਡੰਗ ਮਾਰ ਜਾਂਦਾ ਹੈ।2।

(ਹੇ ਭਾਈ! ਸਾਕਤ ਮਨੁੱਖ) ਸਦਾ ਹੀ ਮਾਇਆ ਦੀ ਖ਼ਾਤਰ ਚਿੰਤਾ-ਫ਼ਿਕਰ ਕਰਦਾ ਰਹਿੰਦਾ ਹੈ, ਇਹ ਕਦੇ ਭੀ ਆਪਣੇ ਮਨ ਵਿਚ ਆਪਣੇ ਮੂੰਹ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕਰਦਾ। ਜਿਹੜਾ ਪਰਮਾਤਮਾ ਸਭ ਦਾਤਾਂ ਦੇਣ ਵਾਲਾ ਹੈ, ਜਿਸ ਨੂੰ ਕਿਸੇ ਦਾ ਡਰ-ਭਉ ਨਹੀਂ ਹੈ, ਜੋ ਸਰੀਰਾਂ ਦੀ ਕੈਦ ਤੋਂ ਪਰੇ ਹੈ, ਉਸ ਨਾਲ ਇਹ ਮੂਰਖ ਸਾਕਤ ਕਦੇ ਪਿਆਰ ਨਹੀਂ ਪਾਂਦਾ।3।

ਹੇ ਨਾਨਕ! (ਆਖ—ਹੇ ਪ੍ਰਭੂ!) ਤੂੰ ਸਭ ਸਭ ਸ਼ਾਹਾਂ ਤੋਂ ਵੱਡਾ ਅਤੇ ਸਦਾ ਕਾਇਮ ਰਹਿਣ ਵਾਲਾ ਸ਼ਾਹ ਹੈਂ, ਤੈਨੂੰ ਕਿਸੇ ਦੀ ਮੁਥਾਜੀ ਨਹੀਂ, ਤੂੰ ਸਭ ਤਾਕਤਾਂ ਦਾ ਮਾਲਕ ਪਾਤਿਸ਼ਾਹ ਹੈਂ। (ਤੇਰਾ ਪੈਦਾ ਕੀਤਾ ਜੀਵ ਸਦਾ ਮਾਇਆ ਦੇ) ਮੋਹ ਵਿਚ ਡੁੱਬਾ ਹੋਇਆ (ਮਾਇਆ ਨਾਲ ਹੀ) ਚੰਬੜਿਆ ਰਹਿੰਦਾ ਹੈ, (ਇਸ ਦੇ ਮਨ ਵਿਚ) ਭਟਕਣਾ ਦੀ ਗੰਢ ਬੱਝੀ ਰਹਿੰਦੀ ਹੈ। (ਹੇ ਪ੍ਰਭੂ! ਇਸ ਸੰਸਾਰ-ਸਮੁੰਦਰ ਵਿਚੋਂ) ਤੇਰੀ ਮਿਹਰ ਨਾਲ ਹੀ ਤਰ ਸਕੀਦਾ ਹੈ।4। 21। 32।